ਨੰ:3/26/2013-3ਸਿ3/ 5774/1
ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਇੰਡੀਅਨ ਪਬਲਿਕ ਸਕੂਲ, ਏਅਰਪੋਰਟ ਰੋਡ,
ਅੰਮ੍ਰਿਤਸਰ।

ਮਿਤੀ, ਚੰਡੀਗੜ੍ਹ: 29-5-13

ਵਿਸ਼ਾ: ਇੰਡੀਅਨ ਪਬਲਿਕ ਸਕੂਲ, ਏਅਰਪੋਰਟ ਰੋਡ, ਅੰਮ੍ਰਿਤਸਰ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

******

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਅੰਮ੍ਰਿਤਸਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਂਦ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾਂ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ./ਆਈ.ਸੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।

4. ਸੀ.ਬੀ.ਐਸ.ਈ./ਆਈ.ਸੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਲ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ

Scanned By Scanner Go